# Telephone conversation between PM and Prime Minister of the Socialist Republic of Vietnam

April 13, 2020

## ਪ੍ਰਧਾਨ ਮੰਤਰੀ ਅਤੇ ਵਿਅਤਨਾਮੀ ਸਮਾਜਵਾਦੀ ਗਣਤੰਤਰ ਦੇ ਪ੍ਰਧਾਨ ਮੰਤਰੀ ਦਰਮਿਆਨ ਟੈਲੀਫੋਨ 'ਤੇ ਗੱਲਬਾਤ

13 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਵਿਅਤਨਾਮੀ ਸਮਾਜਵਾਦੀ ਗਣਤੰਤਰ ਦੇ ਪ੍ਰਧਾਨ ਮੰਤਰੀ ਮਹਾਮਹਿਮ ਸ਼੍ਰੀ ਗੁਈਨ ਜ਼ੁਆਨ ਫੁਕ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ। ਦੋਨਾਂ ਨੇਤਾਵਾਂ ਨੇ ਕੋਵਿਡ -19 ਮਹਾਂਮਾਰੀ ਤੋਂ ਪੈਦਾ ਹੋਏ ਹਾਲਾਤ ਅਤੇ ਇਸ ਚੁਣੌਤੀ ਨਾਲ ਨਜਿੱਠਣ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਕੋਵਿਡ -19 ਨਾਲ ਜੰਗ ਵਿੱਚ ਦੁਵੱਲੇ ਸਹਿਯੋਗ ਦੀ ਸੰਭਾਵਨਾਵਾਂ 'ਤੇ ਸਹਿਮਤੀ ਪ੍ਰਗਟਾਈ, ਜਿਨ੍ਹਾਂ ਵਿਚ ਲੋੜੀਂਦੇ ਡਾਕਟਰੀ ਸਾਜੋ ਸਮਾਨ ਦੀ ਸਪਲਾਈ ਵੀ ਸ਼ਾਮਲ ਹੈ। ਉਨ੍ਹਾਂ ਨੇ ਆਪੋ ਆਪਣੇ ਦੇਸ਼ ਅੰਦਰ ਮੌਜੂਦ ਇਕ ਦੂਜੇ ਦੇ ਨਾਗਰਿਕਾਂ ਨੂੰ ਲੋੜੀਂਦੀ ਮਦਦ ਦੇਣ ਪ੍ਰਤੀ ਵਚਨਬੱਧਤਾ ਵੀ ਪ੍ਰਗਟਾਈ।

ਦੋਨਾਂ ਆਗੂਆਂ ਨੇ ਭਾਰਤ ਅਤੇ ਵਿਅਤਨਾਮ ਵਿਚਾਲੇ ਰਣਨੀਤਕ ਭਾਈਵਾਲੀ ਦੀ ਮਹੱਤਤਾ ’ਤੇ ਜ਼ੋਰ ਦਿੱਤਾ ਅਤੇ ਵੱਖ-ਵੱਖ ਮੋਰਚਿਆਂ ’ਤੇ ਹੋਈ ਤਾਜ਼ਾ ਤਰੱਕੀ ਉੱਤੇ ਤਸੱਲੀ ਪ੍ਰਗਟਾਈ। ਉਨ੍ਹਾਂ ਨੇ ਖੇਤਰੀ ਅਤੇ ਅੰਤਰਰਾਸ਼ਟਰੀ ਘਟਨਾਵਾਂ ਦਾ ਜਾਇਜ਼ਾ ਵੀ ਲਿਆ।

ਦੋਨਾਂ ਆਗੂਆਂ ਨੇ ਇਸ ਗੱਲ 'ਤੇ ਸਹਿਮਤੀ ਦਿੱਤੀ ਕਿ ਮਹਾਂਮਾਰੀ ਨਾਲ ਨਜਿੱਠਣ ਦੇ ਉਪਾਵਾਂ ਅਤੇ ਦੁਵੱਲੇ ਸੰਬੰਧਾਂ ਦੇ ਹੋਰ ਪਹਿਲੂਆਂ ਉੱਤੇ ਤਾਲਮੇਲ ਬਣਾਉਣ ਲਈ ਉਨ੍ਹਾਂ ਦੀਆਂ ਟੀਮਾਂ ਆਉਣ ਵਾਲੇ ਦਿਨਾਂ ’ਚ ਆਪਸੀ ਸੰਪਰਕ ਵਿਚ ਰਹਿਣਗੀਆਂ।

ਪ੍ਰਧਾਨ ਮੰਤਰੀ ਨੇ ਮੌਜੂਦਾ ਸੰਕਟ ਦੌਰਾਨ ਵਿਅਤਨਾਮੀ ਲੋਕਾਂ ਦੀ ਸਿਹਤ ਅਤੇ ਖੈਰੀਅਤ ਲਈ ਆਪਣੀਆਂ ਸ਼ੁੱਭ ਕਾਮਨਾਵਾਂ ਦਾ ਪ੍ਰਗਟਾਅ ਕੀਤਾ।

ਨਵੀਂ ਦਿੱਲੀ
13 ਅਪ੍ਰੈਲ, 2020

DISCLAIMER : This is an approximate translation. The original is available in English on MEA’s website and may be referred to as the official press release.